ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 7 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੨ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News


ਪ੍ਰੇਮ ਸਿੰਘ ਚੰਦੂਮਾਜਰਾ ਪੁੱਤਰ ਸਮੇਤ ਅਕਾਲੀ ਦਲ 'ਚ ਸ਼ਾਮਲ, ਸੁਖਬੀਰ ਬਾਦਲ ਖੁਦ ਪਹੁੰਚੇ ਘਰ



ਪਟਿਆਲਾ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨਾਲੋਂ ਰਾਹ ਵੱਖ ਕਰਨ ਤੋਂ ਬਾਅਦ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੈਂਬਰ ਪਾਰਲੀਮੈਂਟ (ਐੱਮ.ਪੀ.) ਪ੍ਰੇਮ ਸਿੰਘ ਚੰਦੂਮਾਜਰਾ ਤੇ ਉਨ੍ਹਾਂ ਦਾ ਪੁੱਤਰ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਅੱਜ ਸ਼੍ਰੋਮਣੀ ਅਕਾਲੀ ਦਲ (ਐੱਸ.ਏ.ਡੀ.) ਵਿੱਚ ਸ਼ਾਮਲ ਹੋ ਗਏ ਹਨ । ਇਸ ਦੌਰਾਨ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਚੰਦੂਮਾਜਰਾ ਨੂੰ ਪਾਰਟੀ ਵਿੱਚ ਸ਼ਾਮਲ ਕਰਨ ਲਈ ਪਟਿਆਲਾ ਵਿਖੇ ਉਨ੍ਹਾਂ ਦੇ ਘਰ ਪਹੁੰਚੇ। ਦੱਸ ਦੇਈਏ ਕਿ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਵੱਲੋਂ ਪਾਰਟੀ ਤੋਂ ਵੱਖ ਹੋਣ ਦੇ ਫੈਸਲੇ ਤੋਂ ਇੱਕ ਦਿਨ ਬਾਅਦ ਹੁਣ ਉਨ੍ਹਾਂ ਦੇ ਪੁੱਤਰ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਵੀ ਆਪਣੇ ਸਮਰਥਕਾਂ ਸਮੇਤ ਪਾਰਟੀ ਛੱਡ ਦੇਣ ਦਾ ਐਲਾਨ ਕੀਤਾ ਸੀ ।

ਅਮਿਤਾਭ ਬੱਚਨ ਦੇ ਬੰਗਲੇ ਤੇ ਬੰਬੇ ਹਾਈ ਕੋਰਟ ਨੂੰ

ਬੰਬ ਨਾਲ ਉਡਾਉਣ ਦੀ ਧਮਕੀ !



ਮੁੰਬਈ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਬੰਬੇ ਹਾਈ ਕੋਰਟ ਨੂੰ ਸ਼ੁੱਕਰਵਾਰ ਨੂੰ ਇੱਕ ਧਮਕੀ ਭਰੀ ਈਮੇਲ ਪ੍ਰਾਪਤ ਹੋਈ, ਜਿਸ ਵਿੱਚ ਕੋਰਟ ਕੰਪਲੈਕਸ, ਮਹਾਲਕਸ਼ਮੀ ਰੇਸਕੋਰਸ ਅਤੇ ਬਾਲੀਵੁੱਡ ਅਦਾਕਾਰ ਅਮਿਤਾਭ ਬੱਚਨ ਦੀ ਰਿਹਾਇਸ਼ 'ਜਲਸਾ' 'ਤੇ ਸੰਭਾਵਿਤ ਹਮਲਿਆਂ ਦੀ ਚੇਤਾਵਨੀ ਦਿੱਤੀ ਗਈ ਸੀ। ਸੁਰੱਖਿਆ ਦੇ ਮੱਦੇਨਜ਼ਰ, ਪੁਲਸ ਨੇ ਤਿੰਨਾਂ ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ। ਹਾਲਾਂਕਿ, ਉੱਥੇ ਕੁਝ ਵੀ ਸ਼ੱਕੀ ਨਹੀਂ ਮਿਲਿਆ। ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਪੁਲਸ ਇਸ ਈਮੇਲ ਦੀ ਜਾਂਚ ਕਰ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ 23 ਅਕਤੂਬਰ ਨੂੰ ਵੀ ਮੁੰਬਈ ਦੀ ਮੇਅਰ ਰਿਤੂ ਤਾਵੜੇ ਨੂੰ ਭੇਜੀ ਗਈ ਇੱਕ ਈਮੇਲ ਵਿੱਚ ਉਨ੍ਹਾਂ ਦੇ ਦਫ਼ਤਰ, ਅਦਾਕਾਰ ਅਮਿਤਾਭ ਬੱਚਨ ਦੇ ਘਰ ਅਤੇ 27 ਨਵੰਬਰ ਨੂੰ ਮਹਾਲਕਸ਼ਮੀ ਰੇਸਕੋਰਸ ਖੇਤਰ ਵਿੱਚ ਹੋਣ ਵਾਲੇ ਗਾਇਕ ਦਿਲਜੀਤ ਦੋਸਾਂਝ ਦੇ ਸੰਗੀਤ ਸਮਾਗਮ ਸਮਾਗਮ ਵਾਲੀ ਥਾਂ 'ਤੇ ਬੰਬ ਧਮਾਕਿਆਂ ਦੀ ਧਮਕੀ ਦਿੱਤੀ ਗਈ ਸੀ।

ਪਾਕਿਸਤਾਨ ਦੇ ਪੰਜਾਬ 'ਚ ਬੱਸ-ਟਰੱਕ ਦੀ ਭਿਆਨਕ ਟੱਕਰ ; 12 ਲੋਕਾਂ ਦੀ ਮੌਤ, 30 ਤੋਂ ਵੱਧ ਜ਼ਖਮੀ

ਲਾਹੌਰ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਾਕਿਸਤਾਨ ਦੇ ਪੰਜਾਬ ਸੂਬੇ ਵਿੱਚ ਵੀਰਵਾਰ ਸ਼ਾਮ ਨੂੰ ਇੱਕ ਯਾਤਰੀ ਬੱਸ ਅਤੇ ਟਰੱਕ ਵਿਚਕਾਰ ਹੋਈ ਟੱਕਰ ਵਿੱਚ ਘੱਟੋ-ਘੱਟ 12 ਲੋਕਾਂ ਦੀ ਮੌਤ ਹੋ ਗਈ ਅਤੇ 30 ਤੋਂ ਵੱਧ ਹੋਰ ਜ਼ਖਮੀ ਹੋ ਗਏ। ਬਚਾਅ ਵਿਭਾਗ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਹਾਦਸਾ ਲਾਹੌਰ ਤੋਂ ਲਗਭਗ 200 ਕਿਲੋਮੀਟਰ ਦੂਰ ਪਾਕਪਟਨ ਦੇ ਦੀਪਾਲਪੁਰ ਰੋਡ 'ਤੇ ਵਾਪਰਿਆ। ਪੰਜਾਬ ਐਮਰਜੈਂਸੀ ਅਤੇ ਬਚਾਅ ਸੇਵਾ (ਰੈਸਕਿਊ 1122) ਦੇ ਅਨੁਸਾਰ, ਯਾਤਰੀ ਬੱਸ ਪੰਜਾਬ ਦੇ ਸਾਹੀਵਾਲ ਜ਼ਿਲ੍ਹੇ ਤੋਂ ਕਸੂਰ ਜਾ ਰਹੀ ਸੀ, ਜਦੋਂ ਇਹ ਸਾਹਮਣੇ ਤੋਂ ਆ ਰਹੇ ਟਰੱਕ ਨਾਲ ਟਕਰਾ ਗਈ। ਬਚਾਅ ਵਿਭਾਗ ਨੇ ਕਿਹਾ ਕਿ ਟੱਕਰ ਇੰਨੀ ਭਿਆਨਕ ਸੀ ਕਿ ਬੱਸ ਪਲਟ ਗਈ। ਜ਼ਖਮੀ ਯਾਤਰੀਆਂ ਨੂੰ ਬਚਾਉਣ ਲਈ ਬਚਾਅ ਕਰਮਚਾਰੀਆਂ ਨੂੰ ਬੱਸ ਦੀਆਂ ਲੋਹੇ ਦੀਆਂ ਸੀਟਾਂ ਅਤੇ ਹੋਰ ਹਿੱਸਿਆਂ ਨੂੰ ਵਿਸ਼ੇਸ਼ ਕਟਰਾਂ ਨਾਲ ਕੱਟਣਾ ਪਿਆ। ਬਚਾਅ 1122 ਨੇ ਕਿਹਾ, "ਹਾਦਸੇ ਵਿੱਚ ਦਸ ਯਾਤਰੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਦੋ ਹੋਰਾਂ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ।" 32 ਜ਼ਖਮੀਆਂ ਵਿੱਚੋਂ ਪੰਜ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਵਿਭਾਗ ਨੇ ਚਸ਼ਮਦੀਦਾਂ ਦੇ ਹਵਾਲੇ ਨਾਲ ਕਿਹਾ ਕਿ ਇਹ ਹਾਦਸਾ ਬੱਸ ਡਰਾਈਵਰ ਵੱਲੋਂ ਸਿੰਗਲ-ਲੇਨ ਸੜਕ 'ਤੇ ਤੇਜ਼ ਰਫ਼ਤਾਰ ਨਾਲ ਗੱਡੀ ਚਲਾਉਣ ਕਾਰਨ ਵਾਪਰਿਆ। ਰੈਸਕਿਊ 1122 ਦੇ ਅਨੁਸਾਰ, ਮ੍ਰਿਤਕਾਂ ਵਿੱਚ ਇੱਕ ਪੁਲਸ ਕਰਮਚਾਰੀ ਅਤੇ ਇੱਕ ਸਰਕਾਰੀ ਅਧਿਕਾਰੀ ਵੀ ਸ਼ਾਮਲ ਸੀ। ਜ਼ਖਮੀਆਂ ਅਤੇ ਮ੍ਰਿਤਕਾਂ ਨੂੰ ਹਸਪਤਾਲ ਪਹੁੰਚਾਉਣ ਵਿੱਚ ਬਚਾਅ ਟੀਮਾਂ ਨੂੰ ਤਿੰਨ ਘੰਟੇ ਤੋਂ ਵੱਧ ਸਮਾਂ ਲੱਗਿਆ। ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਨੇ ਬੱਸ ਹਾਦਸੇ ਵਿੱਚ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਜ਼ਖਮੀਆਂ ਲਈ ਸਭ ਤੋਂ ਵਧੀਆ ਸੰਭਵ ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ ਅਤੇ ਮ੍ਰਿਤਕਾਂ ਦੇ ਪਰਿਵਾਰਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ।

ਪੰਜਾਬ ਦੀ ਸਿਆਸਤ 'ਚ ਵੱਡੀ ਹਲਚਲ ! ਬੀਬੀ ਜਗੀਰ ਕੌਰ ਨੇ ਅਕਾਲੀ ਦਲ 'ਚ ਵਾਪਸੀ ਦੇ ਦਿੱਤੇ ਸੰਕੇਤ



ਕਪੂਰਥਲਾ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਆਉਣ ਵਾਲੇ ਦਿਨਾਂ 'ਚ ਪੰਜਾਬ ਦੀ ਸਿਆਸਤ 'ਚ ਵੱਡਾ ਧਮਾਕਾ ਹੋਣ ਜਾ ਰਿਹਾ ਹੈ। ਦਰਅਸਲ ਸੂਤਰਾਂ ਦੇ ਹਵਾਲੇ ਤੋਂ ਪਤਾ ਲੱਗਾ ਹੈ ਕਿ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਸ਼੍ਰੋਮਣੀ ਅਕਾਲੀ ਦਲ ਦੀ ਪਾਰਟੀ 'ਚ ਵਾਪਸੀ ਦੇ ਸੰਕੇਤ ਦਿੱਤੇ ਹਨ ਅਤੇ ਉਨ੍ਹਾਂ ਅਕਾਲੀ ਦਲ-ਭਾਜਪਾ ਗਠਜੋੜ ਦੀ ਜ਼ੋਰਦਾਰ ਵਕਾਲਤ ਵੀ ਕੀਤੀ ਹੈ। ਮਿਲੀ ਜਾਣਕਾਰੀ ਮੁਤਾਬਕ ਇਕ ਸੋਸ਼ਲ ਮੀਡੀਆ ਚੈਨਲ ਨੂੰ ਦਿੱਤੀ ਗਈ ਇੰਟਰਵਿਊ ਦੌਰਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਅਸੀਂ ਪੁਨਰ ਸੁਰਜੀਤ ਅਕਾਲੀ ਦਲ ਜਿਸ ਮਕਸਦ ਨੂੰ ਲੈ ਕੇ ਸ਼ੁਰੂ ਕੀਤਾ ਸੀ, ਉਸ ਮਿਸ਼ਨ ਨੂੰ ਅਸੀਂ ਪੂਰਾ ਨਹੀਂ ਕਰ ਸਕੇ। ਉਨ੍ਹਾਂ ਕਿਹਾ ਕਿ ਅੱਜ ਸਾਰੇ ਮਹਿਸੂਸ ਕਰਦੇ ਹਨ ਕਿ ਸਾਡੀ ਮਾਂ ਪਾਰਟੀ 106 ਸਾਲ ਪੁਰਾਣੀ ਪਾਰਟੀ ਹੈ, ਜਿਸ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ ਹੈ। ਅਸੀਂ ਪੁਨਰ ਸੁਰਜੀਤ ਅਕਾਲੀ ਦਲ ਨੂੰ ਰਜਿਸਟਰਡ ਹੀ ਨਹੀਂ ਕਰਵਾ ਸਕੇ। ਇਸ ਦੌਰਾਨ ਕਈ ਸਵਾਲਾਂ ਦੇ ਜਵਾਬ ਦਿੰਦੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪ ਕਦੇ ਅਕਾਲੀ ਦਲ ਨਹੀਂ ਛੱਡਿਆ ਅਤੇ ਜਦੋਂ ਉਹ ਸੁਖਬੀਰ ਸਿੰਘ ਬਾਦਲ ਨਾਲ ਬੈਠ ਕੇ ਸੰਵਾਦ ਕਰਨਗੇ ਤਾਂ ਸੰਭਵ ਹੈ ਕਿ ਮਤਭੇਦ ਦੂਰ ਹੋ ਜਾਣ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸਾਡਾ ਮਕਸਦ ਇਸ ਵੇਲੇ ਆਪਣੀ ਮਾਂ ਪਾਰਟੀ ਅਕਾਲੀ ਦਲ ਨੂੰ ਮਜ਼ਬੂਤ ਕਰਨਾ ਹੈ। ਜੇਕਰ ਅਸੀਂ ਦੂਰੀਆਂ ਬਣਾ ਕੇ ਬੈਠ ਗਏ ਤਾਂ ਹੋ ਸਕਦਾ ਹੈ ਮਤਭੇਦ ਦੂਰ ਨਾ ਹੋ ਸਕਣ। ਉਥੇ ਹੀ ਉਨ੍ਹਾਂ ਭਾਜਪਾ ਨਾਲ ਗਠਜੋੜ ਦੀ ਬਾਰੇ ਕਿਹਾ ਕਿ ਸਰਦਾਰ ਪ੍ਰਕਾਸ਼ ਸਿੰਘ ਬਾਦਲ ਹਮੇਸ਼ਾ 6-7 ਅਫ਼ਸਰਾਂ ਦੀ ਡਿਊਟੀ ਵੱਖ-ਵੱਖ ਸਕੀਮਾਂ ਤਹਿਤ ਕੇਂਦਰ ਤੋਂ ਫੰਡ ਲਿਆਉਣ ਵਾਸਤੇ ਲਗਾ ਕੇ ਰੱਖਦੇ ਸਨ। ਉਨ੍ਹਾਂ ਕਿਹਾ ਕਿ ਜੇਕਰ ਗਠਜੋੜ ਹੋਵੇਗਾ ਤਾਂ ਸਰਕਾਰ ਮਜ਼ਬੂਤੀ ਨਾਲ ਬਣ ਸਕਦੀ ਹੈ।


ਰਾਜਪੁਰਾ 'ਚ ਚਲਦੀ ਟਰੇਨ ਨੂੰ ਲੱਗੀ ਅੱਗ, ਅੱਗ ਲੱਗਣ ਕਾਰਨ ਯਾਤਰੀਆਂ 'ਚ ਮਚੀ ਹਫੜਾ ਦਫੜੀ



ਰਾਜਪੁਰਾ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼ੁੱਕਰਵਾਰ ਦੁਪਹਿਰ ਨੂੰ ਪੰਜਾਬ ਵਿੱਚ ਚੱਲਦੀ 'ਕਰਮਭੂਮੀ ਐਕਸਪ੍ਰੈਸ' ਵਿੱਚ ਅੱਗ ਲੱਗ ਗਈ। ਅੱਗ ਇੰਜਣ ਦੇ ਨਾਲ ਜੁੜੇ ਇੱਕ ਜਨਰਲ ਡੱਬੇ ਵਿੱਚ ਸ਼ੁਰੂ ਹੋਈ ਅਤੇ ਤੇਜ਼ੀ ਨਾਲ ਚਾਰ ਜਨਰਲ ਡੱਬਿਆਂ ਤੱਕ ਫੈਲ ਗਈ। ਪ੍ਰਭਾਵਿਤ ਡੱਬਿਆਂ ਵਿੱਚ ਯਾਤਰੀ ਮੌਜੂਦ ਸਨ, ਜਿਸ ਕਾਰਨ ਉੱਥੇ ਹਫੜਾ-ਦਫੜੀ ਮੱਚ ਗਈ ਅਤੇ ਲੋਕ ਮਦਦ ਲਈ ਚੀਕਣ ਲੱਗੇ। ਜਿਵੇਂ ਹੀ ਰੇਲਗੱਡੀ ਰੁਕੀ, ਯਾਤਰੀ ਆਪਣੀ ਜਾਨ ਬਚਾਉਣ ਲਈ ਜਲਦੀ ਤੋਂ ਜਲਦੀ ਹੇਠਾਂ ਉਤਰੇ ਅਤੇ ਨੇੜਲੇ ਖੇਤਾਂ ਵੱਲ ਭੱਜ ਗਏ; ਕੁਝ ਲੋਕ ਤਾਂ ਚੱਲਦੀ ਰੇਲਗੱਡੀ ਤੋਂ ਹੀ ਛਾਲ ਮਾਰ ਗਏ। ਇਹ ਘਟਨਾ ਸਾਹੂਗੜ੍ਹ (ਫਤਿਹਗੜ੍ਹ ਸਾਹਿਬ ਵਿੱਚ) ਅਤੇ ਸਰਾਏ ਬੰਜਾਰਾ (ਪਟਿਆਲਾ ਵਿੱਚ) ਰੇਲਵੇ ਸਟੇਸ਼ਨਾਂ ਦੇ ਵਿਚਕਾਰ ਵਾਪਰੀ। ਸੂਚਨਾ ਮਿਲਣ 'ਤੇ ਰੇਲਵੇ ਪ੍ਰਸ਼ਾਸਨ, ਫਾਇਰ ਬ੍ਰਿਗੇਡ ਅਤੇ ਰਾਹਤ ਟੀਮਾਂ ਨੂੰ ਚੌਕਸ ਕਰ ਦਿੱਤਾ ਗਿਆ। ਰੇਲਵੇ ਅਨੁਸਾਰ, ਰੇਲਗੱਡੀ ਨੰਬਰ 12508, 'ਕਰਮਭੂਮੀ ਐਕਸਪ੍ਰੈਸ', ਅੰਮ੍ਰਿਤਸਰ ਤੋਂ ਪੱਛਮੀ ਬੰਗਾਲ ਦੇ ਨਿਊ ਜਲਪਾਈਗੁੜੀ ਜਾ ਰਹੀ ਸੀ। ਇਹ ਘਟਨਾ ਦੁਪਹਿਰ ਕਰੀਬ 1:15 ਵਜੇ ਵਾਪਰੀ। ਸਰਕਾਰੀ ਰੇਲਵੇ ਪੁਲਿਸ ਨੇ ਦੱਸਿਆ ਕਿ ਅੱਗ ਇੱਕ ਡੱਬੇ ਵਿੱਚ ਲੱਗੇ ਪੱਖੇ ਵਿੱਚ ਸ਼ਾਰਟ ਸਰਕਟ ਕਾਰਨ ਲੱਗੀ ਸੀ। ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ। ਕਰਮਭੂਮੀ ਐਕਸਪ੍ਰੈਸ ਵਿੱਚ ਅੱਗ ਲੱਗਣ ਦੀ ਘਟਨਾ ਤੋਂ ਬਾਅਦ ਰੇਲ ਆਵਾਜਾਈ ਪ੍ਰਭਾਵਿਤ ਹੋਈ ਹੈ। ਨਤੀਜੇ ਵਜੋਂ, ਰੇਲਵੇ ਨੇ 8 ਰੇਲਗੱਡੀਆਂ ਦੇ ਰਸਤੇ ਬਦਲ ਦਿੱਤੇ ਹਨ। ਅੰਬਾਲਾ ਡਿਵੀਜ਼ਨ ਵੱਲੋਂ ਜਾਰੀ ਕੀਤੀ ਗਈ ਰਸਤਾ ਤਬਦੀਲੀ ਯੋਜਨਾ ਅਨੁਸਾਰ, 'ਡਾਊਨ' ਦਿਸ਼ਾ ਵੱਲ ਜਾਣ ਵਾਲੀਆਂ 5 ਰੇਲਗੱਡੀਆਂ ਅਤੇ 'ਅੱਪ' ਦਿਸ਼ਾ ਵੱਲ ਜਾਣ ਵਾਲੀਆਂ 3 ਰੇਲਗੱਡੀਆਂ ਨੂੰ ਬਦਲਵੇਂ ਰਸਤਿਆਂ ਰਾਹੀਂ ਭੇਜਿਆ ਗਿਆ ਹੈ। ਉੱਤਰੀ ਰੇਲਵੇ ਦੇ ਸੀ.ਪੀ.ਆਰ.ਓ. ਹਿਮਾਂਸ਼ੂ ਸ਼ੇਖਰ ਉਪਾਧਿਆਏ ਨੇ ਦੱਸਿਆ ਕਿ ਸਰਾਏ ਬੰਜਾਰਾ ਸਟੇਸ਼ਨ ਦੇ ਨੇੜੇ ਇੱਕ ਸੁਰੱਖਿਆ ਪ੍ਰਣਾਲੀ ਦੇ ਸਰਗਰਮ ਹੋਣ ਤੋਂ ਬਾਅਦ ਰੇਲਗੱਡੀ ਨੂੰ ਸੁਰੱਖਿਅਤ ਢੰਗ ਨਾਲ ਰੋਕ ਦਿੱਤਾ ਗਿਆ। ਅੱਗ 'ਤੇ ਕਾਬੂ ਪਾਉਣ ਲਈ ਯਤਨ ਜਾਰੀ ਹਨ। ਰੇਲਵੇ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਮੌਜੂਦ ਹਨ। ਹੁਣ ਤੱਕ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਹੈ।


ਪੰਜਾਬ ਘੁੰਮਣ ਆਈ ਲੰਡਨ ਦੀ ਗੋਰੀ ਨਾਲ ਵੱਡੀ ਲੁੱਟ

ਅੰਮ੍ਰਿਤਸਰ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੰਮ੍ਰਿਤਸਰ 'ਚ ਵਾਹਘਾ ਬਾਰਡਰ ਘੁੰਮ ਕੇ ਵਾਪਸ ਪਰਤ ਰਹੀ ਲੰਡਨ ਦੀ ਰਹਿਣ ਵਾਲੀ ਵਿਦੇਸ਼ੀ ਮਾਡਲ ਲਾਲੀ ਤੋਂ ਬਾਈਕ ਸਵਾਰ ਲੁਟੇਰੇ ਵੱਲੋਂ ਡੇਢ ਲੱਖ ਰੁਪਏ ਦਾ ਆਈਫੋਨ (17 ਪ੍ਰੋ ਮੈਕਸ) ਖੋਹਣ ਦਾ ਮਾਮਲਾ ਸਾਹਮਣੇ ਆਇਆ ਹੈ। ਲਾਲੀ ਪੰਜਾਬੀ ਗਾਣੇ 'ਸੋਹਣੀ ਨਹੀਂ' ਵਿੱਚ ਮਾਡਲਿੰਗ ਵੀ ਕਰ ਚੁੱਕੀ ਹੈ। ਇਸ ਘਟਨਾ ਦੀ ਜਾਣਕਾਰੀ ਦਿੰਦਿਆਂ ਲਾਲੀ ਨੇ ਦੱਸਿਆ ਕਿ 31 ਅਕਤੂਬਰ ਨੂੰ ਸ਼ਾਮ ਲਗਭਗ 7 ਵਜੇ ਉਹ ਹੋਰ ਸੈਲਾਨੀਆਂ ਨਾਲ ਵਾਹਘਾ ਬਾਰਡਰ ਵੇਖ ਕੇ ਆਟੋ ਵਿੱਚ ਵਾਪਸ ਆ ਰਹੀ ਸੀ। ਉਹ ਆਟੋ ਦੀ ਅਗਲੀ ਸੀਟ 'ਤੇ ਬੈਠੀ ਹੋਈ ਸੀ ਅਤੇ ਉਸ ਦਾ ਆਈਫੋਨ ਉਸ ਦੀ ਗੋਦ ਵਿੱਚ ਰੱਖਿਆ ਹੋਇਆ ਸੀ। ਇਸ ਦੌਰਾਨ ਉਸ ਕੋਲ ਬਿਨਾਂ ਨੰਬਰ ਪਲੇਟ ਵਾਲੇ ਮੋਟਰਸਾਈਕਲ 'ਤੇ ਆਏ ਇੱਕ ਅਣਪਛਾਤੇ ਵਿਅਕਤੀ ਨੇ ਝਪਟਾ ਮਾਰ ਕੇ ਉਸ ਦਾ ਫੋਨ ਖੋਹ ਲਿਆ। ਫੋਨ ਦੇ ਕਵਰ ਵਿੱਚ ਇੱਕ ਮੋਰ ਦਾ ਖੰਭ ਵੀ ਰੱਖਿਆ ਹੋਇਆ ਸੀ, ਜੋ ਉਸ ਨੂੰ ਭਾਰਤ ਵਿੱਚ ਹੀ ਇੱਕ ਅਣਪਛਾਤੇ ਵਿਅਕਤੀ ਨੇ ਤੋਹਫੇ ਵਜੋਂ ਦਿੱਤਾ ਸੀ। ਲਾਲੀ ਨੇ ਦੱਸਿਆ ਕਿ ਇਹ ਉਸ ਦੀ ਭਾਰਤ ਦੀ 9ਵੀਂ ਯਾਤਰਾ ਸੀ। ਫੋਨ ਚੋਰੀ ਹੋਣ ਦੇ ਬਾਵਜੂਦ ਭਾਰਤ, ਪੰਜਾਬ ਅਤੇ ਅੰਮ੍ਰਿਤਸਰ ਪ੍ਰਤੀ ਉਸ ਦਾ ਪਿਆਰ ਘੱਟ ਨਹੀਂ ਹੋਇਆ ਹੈ ਕਿਉਂਕਿ ਇੱਥੋਂ ਦੇ ਲੋਕ ਪਰਿਵਾਰ ਵਾਂਗ ਮਦਦ ਲਈ ਅੱਗੇ ਆਉਂਦੇ ਹਨ। ਉਸ ਨੇ ਇਸ ਮਾਮਲੇ ਦੀ ਸ਼ਿਕਾਇਤ ਪੁਲਸ ਕੋਲ ਦਰਜ ਕਰਵਾ ਦਿੱਤੀ ਹੈ। ਇਸ ਦੇ ਨਾਲ ਹੀ ਉਸ ਨੇ ਅੰਮ੍ਰਿਤਸਰ ਆਉਣ ਵਾਲੇ ਹੋਰ ਸੈਲਾਨੀਆਂ ਨੂੰ ਆਪਣੇ ਕੀਮਤੀ ਸਾਮਾਨ ਦਾ ਧਿਆਨ ਰੱਖਣ ਦੀ ਸਲਾਹ ਦਿੱਤੀ ਹੈ। ਮੁਸ਼ਕਲ ਦੀ ਇਸ ਘੜੀ 'ਚ ਅੰਮ੍ਰਿਤਸਰ ਦੇ ਸਥਾਨਕ ਲੋਕਾਂ ਨੇ ਮਾਡਲ ਦੀ ਕਾਫ਼ੀ ਮਦਦ ਕੀਤੀ। ਆਟੋ ਚਾਲਕ ਵਿੱਕੀ ਨੇ ਉਸ ਨੂੰ ਵਰਤਣ ਲਈ ਆਪਣਾ ਵਾਧੂ ਫੋਨ ਦਿੱਤਾ ਅਤੇ ਹੋਟਲ ਮਾਲਕ ਵਿਕਾਸ ਨੇ ਉਸ ਦੇ ਮਾਤਾ-ਪਿਤਾ ਨਾਲ ਅੰਤਰਰਾਸ਼ਟਰੀ ਕਾਲ 'ਤੇ ਗੱਲ ਕਰਵਾਈ। ਇਸ ਤੋਂ ਇਲਾਵਾ ਉਸ ਦੇ ਦੋਸਤ ਨਦੀਮ ਨੇ ਨਵਾਂ ਫੋਨ ਖਰੀਦਣ ਲਈ ਪੈਸੇ ਦਿੱਤੇ ਅਤੇ ਪੁਣੇ ਜਾਣ ਲਈ ਫਲਾਈਟ ਦੀ ਟਿਕਟ ਵੀ ਬੁੱਕ ਕਰਵਾਈ।




In commemoration of the
JOTI JOT DIVAS
of
Sri Guru Gobind Singh Ji Maharaj
Saturday 14th November 2026
5.30pm Rehraas Sahib
6.00pm Sri Dasam Granth Paath Bhog - Amandeep Singh
6.30pm Aarti Aarta - Bhai Sukhwinder Singh Ji (Sukhy Baba)
7.00pm Katha in English - Bhai Maan Singh Ji
7.30pm Mool Mantar Jaap - Bibi Harninder Kaur Ji
8.30pm (to Late) Kirtan Darbar
Attending: Bebe Nanaki Jatha, Bhai Abinash Singh Ji, Bhai Hardeep Singh Ji AKJ, Bhai Jaskeerat Singh Ji, Bibi Mandeep Kaur Ji AKJ, Bhai Sukhraj Singh Ji
LOCATION
Guru Nanak Gurdwara
Smethwick, B66 3AP
Main Hall Upstairs
GURU NANAK GURDWARA
SMETHWICK
For Details Contact
Jatinder Singh Bassi
07955 555840
Amandeep Singh
07490 031010
ਆਵਾਜ਼ਿ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਕੀ ਫਤਹਿ
ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Comtact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਮੁੱਖ ਸੰਪਾਦਕ
ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਪੱਤਰਕਾਰ ਸਮਾਜ ਦਾ ਚੌਥਾ ਥੰਮ੍ਹ ਹਨ ਅਤੇ ਹਮੇਸ਼ਾ ਸੱਚ ਨੂੰ ਲੋਕਾਂ ਸਾਹਮਣੇ ਲਿਆਉਂਦੇ ਹਨ ਅਤੇ

ਦਬਾਅ ਦੇ ਬਾਵਜੂਦ ਨਿਡਰ ਹੋ ਕੇ ਆਪਣੀ ਡਿਊਟੀ ਨਿਭਾਉਦੇ ਦਿਲਸ਼ੇਰ ਸਿੰਘ

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜੰਡਿਆਲਾ ਗੁਰੂ ਵਿਖੇ ਕੀਤੀ ਗਈ ਪ੍ਰੈੱਸ ਮਿਲਣੀ

ਜੰਡਿਆਲਾ ਗੁਰੂ, 6 ਨਵੰਬਰ (ਕੁਲਵੰਤ ਸਿੰਘ ਵਿਰਦੀ)-ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਮੌਕੇ 'ਤੇ ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਜੰਡਿਆਲਾ ਗੁਰੂ ਵਿਖੇ ਇਕ ਪ੍ਰੈਸ ਮਿਲਣੀ ਰੱਖੀ ਗਈ।ਮਿਲਣੀ ਦੌਰਾਨ ਐਡਵੋਕੇਟ ਦਿਲਸ਼ੇਰ ਸਿੰਘ ਜੰਡਿਆਲਾ ਹਲਕਾ ਇੰਚਾਰਜ ਅਕਾਲੀ ਦਲ ਵਾਰਿਸ ਪੰਜਾਬ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਪੱਤਰਕਾਰ ਸਮਾਜ ਦਾ ਚੌਥਾ ਥੰਮ੍ਹ ਹਨ। ਪੱਤਰਕਾਰ ਹਮੇਸ਼ਾ ਸੱਚ ਨੂੰ ਲੋਕਾਂ ਸਾਹਮਣੇ ਲਿਆਉਂਦੇ ਹਨ ਅਤੇ ਦਬਾਅ ਦੇ ਬਾਵਜੂਦ ਨਿਡਰ ਹੋ ਕੇ ਆਪਣੀ ਡਿਊਟੀ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਹਮੇਸ਼ਾ ਪੱਤਰਕਾਰ ਭਾਈਚਾਰੇ ਦੇ ਨਾਲ ਖੜ੍ਹਾ ਹੈ ਅਤੇ ਉਨ੍ਹਾਂ ਦੇ ਮਾਣ-ਸਨਮਾਨ ਦੀ ਰਾਖੀ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਹੁਣ ਲੋਕਤੰਤਰ ਦੇ ਚੌਥੇ ਥਮ ਮੀਡੀਆ ਨੂੰ ਵੀ ਦਬਾਉਣ ਦੀ ਕੋਸ਼ਿਸ਼ ਵਿੱਚ ਲੱਗੇ ਹੋਏ ਹਨ । ਓਹਨਾਂ ਕਿਹਾ ਕਿ ਜਿੰਨੀਆਂ ਵੀ ਰਾਜਨੀਤਿਕ ਪਾਰਟੀਆਂ ਹਨ ਸਾਰੀਆਂ ਦਿੱਲੀ ਦੇ ਇਸ਼ਾਰੇ ਤੇ ਚਲਦੀਆਂ ਹਨ ਜਿਨ੍ਹਾਂ ਨੇ ਕਦੀ ਪੰਜਾਬ ਦੇ ਨਾਲ ਵਫਾਦਾਰੀ ਨਹੀਂ ਨਿਭਾਈ। ਉਲਟਾ ਪੰਜਾਬ ਨੂੰ ਸਮੇ ਸਮੇ ਸਿਰ ਲੁਟਿਆ ਕੁਟਿਆ ਬੇਪਤ ਕਰਨ ਵਿਚ ਕੋਈ ਕਸਰ ਨਹੀਂ ਛੱਡੀ। ਹੁਣ ਮੌਜੂਦਾ ਹਲਾਤਾਂ ਵਿੱਚ ਪੰਜਾਬ ਦੀ ਸੰਗਤ ਕੋਲ ਇਕੋ ਹੀ ਰਾਜਨੀਤਕ ਵਿਕਲਪ ਬਚਦਾ ਹੈ। ਜਿਸ ਨੂੰ ਥੋੜੇ ਹੀ ਸਮੇਂ ਵਿੱਚ ਬਹੁਤ ਵੱਡਾ ਉਤਾਰ ਮਿਲਿਆ ਹੈ ਜਿਸ ਦਾ ਨਾਮ ਅਕਾਲੀ ਦਲ ਵਾਰਿਸ ਪੰਜਾਬ ਦੇ ਖ਼ਾਸ ਤੌਰ ਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਨਾਮ ਨਾਲ ਜਾਣੀ ਜਾਂਦੀ ਹੈ। ਓਹਨਾਂ ਕਿਹਾ ਕਿ ਕਿ ਨਸ਼ਾ ਜੰਡਿਆਲਾ ਗੁਰੂ ਵਿੱਚ ਘਰ ਘਰ ਪਹੁੰਚ ਚੁਕਾ ਹੈ ਕਦੀ ਪਿੱਤਲ ਅਤੇ ਤਾਂਬੇ ਦੇ ਹੱਥੀਂ ਬਣੇ ਬਰਤਨਾਂ ਦੀ ਪ੍ਰਸੰਸਾ ਅੰਤਰਰਾਸ਼ਟਰੀ ਪੱਧਰ ਤੇ ਬਣੀ ਸੰਸਥਾ ਯੂਨੇਸਕੋ ਤੱਕ ਗੂਜ ਪੈਂਦੀ ਸੀ , ਦੂਸਰੇ ਪਾਸੇ ਸ਼ਹਿਰ ਦੇ ਨੌਜਵਾਨ ਸਰਕਾਰਾਂ ਦੀਆਂ ਮਾੜੀਆਂ ਮਾਰੂ ਨੀਤੀਆਂ ਕਰਕੇ ਭਰਾ ਮਾਰੂ ਜੰਗ ਜਿਸਨੂੰ ਗੈਗਸਟਰ ਦੇ ਨਾਮ ਨਾਲ ਜਾਇਆ ਜਾਂਦਾ ਹੈ ਵਿਚ ਬੁਰੀ ਤਰ੍ਹਾਂ ਡੂੰਘਾਈ ਵਿੱਚ ਫਸ ਚੁੱਕੇ ਹਨ। ਓਹਨਾਂ ਕਿਹਾ ਕਿ ਮਨ ਨੂੰ ਬਹੁਤ ਠੇਸ ਲੱਗਦੀ ਹੈ ਕਿ ਜਿੰਨਾ ਨੌਜਵਾਨਾਂ ਦੇ ਹੱਥਾਂ ਵਿੱਚ ਕਲਮ ਕਾਪੀ ਚਾਹੀਦੀ ਸੀ ਹੁਣ ਉਨ੍ਹਾਂ ਦੇ ਹੱਥਾਂ ਵਿਚ ਪਿਸਟਲ ਰੀਵਾਲਵਰ ਹਨ। ਇਸ ਦੌਰਾਨ ਪੱਤਰਕਾਰ ਭਾਈਚਾਰੇ ਵਿੱਚ ਔਰਤਾਂ ਤੋਂ ਇਲਾਵਾ ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ , ਚੇਅਰਮੈਨ ਸੁਨੀਲ ਦੇਵਗਨ, ਕਵਲਜੀਤ ਸਿੰਘ ਲਾਡੀ ਪ੍ਰਧਾਨ ਰੋਇਲ ਪ੍ਰੈਸ ਕਲੱਬ , ਅੰਮ੍ਰਿਤਪਾਲ ਸਿੰਘ ਬੇਦੀ ਸਿਮਰਤ ਸਿੰਘ ਬੇਦੀ, ਕੁਲਵੰਤ ਸਿੰਘ ਵਿਰਦੀ ਸੀਨੀਅਰ ਮੀਤ ਪ੍ਰਧਾਨ, ਗੁਰਦੇਵ ਸਿੰਘ ਮੱਲੀ, ਗੁਰਦੇਵ ਸਿੰਘ ਮਨਜੋਤਰਾ, ਰਵਿੰਦਰ ਸਿੰਘ ਗਿੱਲ, ਲਖਬੀਰ ਸਿੰਘ ਗਿੱਲ ਸੁਖਵਿੰਦਰ ਸਿੰਘ ਸੋਨੂ, ਪ੍ਰਗਟ ਸਿੰਘ, ਪ੍ਰਦੀਪ ਜੈਨ, ਸਤਿੰਦਰਬੀਰ ਸਿੰਘ ਪੀਟਰ, ਮੇਜਰ ਸਿੰਘ ਆਦਿ ਹਾਜਰ ਸਨ ।

ਅਕਾਲੀ ਦਲ ਵਾਰਸ ਪੰਜਾਬ ਵੱਲੋਂ ਬੀਬੀ ਪਰਮਜੀਤ ਕੌਰ ਰਈਆ ਪ੍ਰਧਾਨ ਇਸਤਰੀ ਵਿੰਗ, ਪਵਨਦੀਪ ਸਿੰਘ ਏਕਲਗੱਡਾ ਮੀਤ ਪ੍ਰਧਾਨ ਯੂਥ ਅਕਾਲੀ ਦਲ, ਬਾਬੂ ਸਿੰਘ ਜੰਡਿਆਲਾ, ਬਲਕਾਰ ਸਿੰਘ ਜਗੀਰ ਸਿੰਘ ਏਕਲਗੱਡਾ ਮਾਹਲਾ,ਬੀਬੀ ਗੁਰਮੀਤ ਕੌਰ, ਰਮਿੰਦਰ ਸਿੰਘ ਅੰਬਰਸਰੀ, ਮਨਪ੍ਰੀਤ ਸਿੰਘ ਤਾਰਾਗੜ੍ਹ, ਰਣਜੀਤ ਸਿੰਘ ਡਡਵਾਲ ਗੁਨੋਵਾਲ, ਬਲਵਿੰਦਰ ਸਿੰਘ ਬਦੇਸ਼ਾ ਰਣਜੀਤ ਸਿੰਘ ਵਿਰਕ, ਦਲਜੀਤ ਸਿੰਘ ਵਿਰਕ, ਬਲਜੀਤ ਸਿੰਘ ਵਿਰਕ, ਦਿਲਬਾਗ ਸਿੰਘ ਲਾਹੌਰੀਆ,ਮੇਜਰ ਸਿੰਘ ਲਾਹੌਰੀਆ, ਠੇਕੇਦਾਰ ਕਸ਼ਮੀਰ ਸਿੰਘ, ਨੰਬਰਦਾਰ ਤਰਸੇਮ ਸਿੰਘ, ਸਤਪਾਲ ਸਿੰਘ ਮਾਹਲਾ,ਪਾਲ ਸਿੰਘ ਮਾਹਲਾ, ਪਹਿਲਵਾਨ ਜਿੰਦਾ ਸਿੰਘ, ਬਲਵਿੰਦਰ ਸਿੰਘ,ਰਾਜੂ ਰਸੂਲਪੁਰ ਯੂਥ ਆਗੂ,ਮਨਪ੍ਰੀਤ ਸਿੰਘ ਮਨੀ ਯੂਥ ਆਗੂ, ਲਵਪ੍ਰੀਤ ਸਿੰਘ ਰਸੂਲਪੁਰ ਯੂਥ ਆਗੂ, ਆਦਿ ਮੌਜੂਦ ਸਨ।





ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਆਵਾਜ਼ਿ ਕੌਮ AWAZE QAUM
International Newspaper & WEB TV

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar

ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਵਿਖੇ

ਬੰਦੀ ਛੋੜ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ



ਚੌਕ ਮਹਿਤਾ, 6 ਨਵੰਬਰ (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਬੰਦੀ ਛੋੜ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਮਹੱਤਵ ਨਾਲ ਸੰਬੰਧਿਤ ਚਾਰਟ ਮੇਕਿੰਗ ਅਤੇ ਦੀਵਾ ਮੇਕਿੰਗ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਬੱਚਿਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਕਲਾ ਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ। ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਬੰਦੀ ਛੋੜ ਦਿਵਸ ਦੇ ਇਤਿਹਾਸ ਅਤੇ ਇਸ ਨਾਲ ਜੁੜੀਆਂ ਸਿੱਖਿਆਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੌਕੇ ਗੁਰਬਾਣੀ ਕੀਰਤਨ, ਕਵਿਤਾਵਾਂ, ਕਵੀਸ਼ਰੀ ਅਤੇ ਭਾਸ਼ਣਾਂ ਰਾਹੀਂ ਇਸ ਪਵਿੱਤਰ ਦਿਹਾੜੇ ਦੀ ਮਹੱਤਤਾ ਨੂੰ ਬਿਆਨ ਕੀਤਾ ਗਿਆ। ਬੱਚਿਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ, ਸਿਧਾਂਤਾਂ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਉਜਾਗਰ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਕਿਹਾ ਕਿ ਬੰਦੀ ਛੋੜ ਦਿਵਸ ਸਾਨੂੰ ਹੱਕ, ਸੱਚ, ਨਿਆਂ ਅਤੇ ਦੂਜਿਆਂ ਦੀ ਆਜ਼ਾਦੀ ਲਈ ਖੜ੍ਹੇ ਹੋਣ ਦੀ ਪ੍ਰੇਰਣਾ ਦਿੰਦਾ ਹੈ। ਅਜਿਹੇ ਸਮਾਗਮਾਂ ਰਾਹੀਂ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਸੇਵਾ ਭਾਵਨਾ ਪੈਦਾ ਕਰਨ ਦਾ ਯਤਨ ਕੀਤਾ ਜਾਂਦਾ ਹੈ। ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ,ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਸਮੇਤ ਸਮੂਹ ਸਕੂਲ ਸਟਾਫ਼ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਅਮਿੱਟ ਯਾਦਾਂ ਛੱਡਦਾ ਹੋਇਆ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ

ਪੰਜਵਾਂ ਦਮਦਮਾ ਸਾਹਿਬ ਸਾਹਿਤਕ ਮੇਲਾ ਸਫਲਤਾਪੂਰਵਕ ਨੇਪਰੇ ਚੜ੍ਹਿਆ





ਤਲਵੰਡੀ ਸਾਬੋ, 6 ਨਵੰਬਰ (**ਗੁਰਜੰਟ ਸਿੰਘ ਨਥੇਹਾ**)- ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਮਾਨਯੋਗ ਵਾਈਸ ਚਾਂਸਲਰ ਡਾ ਜਗਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਅਤੇ ਕੈਂਪਸ ਸਾਹਿਤ ਸਭਾ ਵੱਲੋਂ ਕਰਵਾਏ ਜਾ ਰਹੇ ਪੰਜਵੇਂ ਦਮਦਮਾ ਸਾਹਿਬ ਸਾਹਿਤਕ ਮੇਲੇ ਦੇ ਤੀਜੇ ਦਿਨ ਦੀ ਸ਼ੁਰੂਆਤ ਮੌਕੇ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ ਸੰਦੀਪ ਰਾਣਾ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ ਅਮਨਦੀਪ ਸਿੰਘ ਸੋਖੋ ਨੇ ਆਏ ਹੋਏ ਬੁਲਾਰਿਆਂ ਅਤੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਅੱਜ ਛੇਵੇਂ ਸੈਸ਼ਨ ਦੌਰਾਨ ਲੋਕਾਂ ਦੀ ਆਵਾਜ਼ ਅਤੇ ਸੱਤਾ ਨੂੰ ਸਵਾਲ ਵਿਸ਼ੇ 'ਤੇ ਵਿਚਾਰ ਚਰਚਾ ਕੀਤੀ ਗਈ, ਜਿਸ ਵਿੱਚ ਮੁੱਖ ਬੁਲਾਰਿਆਂ ਵਜੋਂ ਧਰਮਿੰਦਰ ਮੁਕੇਰੀਆਂ ਅਤੇ ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਸ਼ਿਰਕਤ ਕੀਤੀ। ਉਹਨਾਂ ਨੇ ਲੋਕਤੰਤਰੀ ਵਿਵਸਥਾ ਵਿੱਚ ਲੋਕਾਂ ਦੀ ਆਵਾਜ਼, ਸੱਤਾ ਦੀ ਜਵਾਬਦੇਹੀ ਅਤੇ ਜਨਤਕ ਸੰਘਰਸ਼ਾਂ ਦੀ ਮਹੱਤਤਾ ਬਾਰੇ ਗੱਲਬਾਤ ਕੀਤੀ। ਸੱਤਵੇਂ ਸੈਸ਼ਨ ਦੇ ਮੁੱਖ ਮਹਿਮਾਨ ਨਿਮਰਤ ਸਿੱਧੂ ਰਹੇ। ਇਸ ਦੌਰਾਨ ਮੁੱਖ ਬੁਲਾਰਿਆਂ ਡਾ. ਨੀਤੂ, ਬਿੱਕਰ ਹਥੂਆ ਅਤੇ ਡਾ. ਅਮਨਦੀਪ ਸਿੰਘ ਸੋਖੋ ਨੇ ਆਪਣੇ ਸੰਬੋਧਨ ਰਾਹੀਂ ਸਮਾਜ ਦੇ ਹਾਸ਼ੀਏ ਉੱਪਰ ਰਹਿ ਰਹੇ ਵਰਗਾਂ ਦੇ ਹੱਕਾਂ, ਸਮਾਜਿਕ ਸਮਾਨਤਾ ਅਤੇ ਸੱਤਾ ਦੇ ਵੱਖ-ਵੱਖ ਪਹਿਲੂਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸਮੇਂ ਸੰਚਾਲਕ ਦੀ ਭੂਮਿਕਾ ਗੁਰਮੀਤ ਸਿੰਘ ਵੱਲੋਂ ਨਿਭਾਈ। ਮੇਲੇ ਦੇ ਸਮਾਪਤੀ ਸਮਾਰੋਹ ਦੌਰਾਨ ਇਤਿਹਾਸਕਾਰ ਸੁਮੇਲ ਸਿੰਘ ਸਿੱਧੂ ਨੇ ਉਨ੍ਹਾਂ ਬੰਨ੍ਹ ਲਿਆ ਖੱਫਣ ਪਾਣੀਆਂ ਦਾ ਵਿਸ਼ੇ ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਡਾ. ਭਾਵਨਾ ਸ਼ਰਮਾ ਨੇ ਤਿੰਨ ਰੋਜ਼ਾ ਸਾਹਿਤਕ ਮੇਲੇ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਸਾਰਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਇਸ ਕਦਮ ਦੀ ਭਰਪੂਰ ਸ਼ਲਾਘਾ ਕੀਤੀ। ਅੰਤ ਵਿੱਚ ਪ੍ਰੋਫੈਸਰ ਸੁਸ਼ੀਲ ਕੁਮਾਰ ਨੇ ਸਾਰੇ ਬੁਲਾਰਿਆਂ, ਮਹਿਮਾਨਾਂ ਅਤੇ ਪੱਤਰਕਾਰਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕਰਦੇ ਹੋਏ ਵਿਦਿਆਰਥੀ ਵਲੰਟੀਅਰਾਂ ਅਤੇ ਸਾਰੇ ਅਧਿਆਪਕ ਸਾਹਿਬਾਨਾਂ ਨੂੰ ਵਧਾਈ ਦਿੱਤੀ। ਇਸ ਤਰ੍ਹਾਂ ਤਿੰਨ ਦਿਨਾਂ ਦੇ ਇਸ ਸਾਹਿਤਕ ਮੇਲੇ ਨੇ ਪੰਜਾਬੀ ਸਾਹਿਤ, ਭਾਸ਼ਾ, ਸੱਭਿਆਚਾਰ ਅਤੇ ਸਮਾਜਿਕ ਚੇਤਨਾ ਨਾਲ ਜੁੜੇ ਅਨੇਕਾਂ ਮੁੱਦਿਆਂ ਨੂੰ ਸੰਵਾਦ ਦਾ ਹਿੱਸਾ ਬਣਾਉਂਦਿਆਂ ਸਾਹਿਤ ਪ੍ਰੇਮੀਆਂ ਦੇ ਮਨਾਂ ਤੇ ਆਪਣੀ ਵਿਸ਼ੇਸ਼ ਛਾਪ ਛੱਡੀ। ਇਹ ਮੇਲਾ ਨਵੇਂ ਵਿਚਾਰਾਂ, ਨਵੀਆਂ ਸੰਭਾਵਨਾਵਾਂ ਅਤੇ ਅਮਿੱਟ ਯਾਦਾਂ ਦਾ ਸਿਰਜਕ ਬਣ ਕੇ ਸੰਪੰਨ ਹੋਇਆ।



ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹਿਰ ਦੀ ਸਫ਼ਾਈ ਅਤੇ ਸੁੰਦਰਤਾ ਨੂੰ ਮੁੱਖ ਰੱਖਦਿਆਂ ਸਫ਼ਾਈ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਇੰਸਪੈਕਟਰ ਖੁਸ਼ਬੀਰ ਸਿੰਘ

ਖਬਰ ਪ੍ਰਕਾਸ਼ਿਤ ਹੋਣ ਤੋਂ ਬਾਅਦ ਨਗਰ ਕੌਂਸਲ ਨੇ ਕੀਤੀ ਕਾਰਵਾਈ ਚੁਕਵਾਏ ਗੰਦਗੀ ਦੇ ਢੇਰ



ਜੰਡਿਆਲਾ ਗੁਰੂ 6 ਨਵੰਬਰ (**ਕੁਲਵੰਤ ਸਿੰਘ ਵਿਰਦੀ**)-ਠਠਿਆਰਾਂ ਗੇਟ ਦੇ ਆਲੇ ਦੁਆਲੇ ਥਾਂ-ਥਾਂ ਲੱਗੇ ਕੂੜੇ, ਗੰਦਗੀ ਅਤੇ ਗਾਰ ਦੇ ਢੇਰਾਂ ਸਬੰਧੀ ਖ਼ਬਰ ਪ੍ਰਕਾਸ਼ਿਤ ਹੋਣ ਤੋਂ ਬਾਅਦ ਨਗਰ ਕੌਂਸਲ ਵੱਲੋਂ ਤੁਰੰਤ ਕਾਰਵਾਈ ਕੀਤੀ ਗਈ। ਨਗਰ ਕੌਂਸਲ ਅਧਿਕਾਰੀ ਇੰਸਪੈਕਟਰ ਖੁਸ਼ਬੀਰ ਸਿੰਘ ਮੌਕੇ 'ਤੇ ਪਹੁੰਚੇ ਅਤੇ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੀ ਦੇਖ-ਰੇਖ ਹੇਠ ਸਫ਼ਾਈ ਕਰਮਚਾਰੀਆਂ ਵੱਲੋਂ ਕੂੜੇ, ਗੰਦਗੀ ਅਤੇ ਗਾਰ ਦੇ ਢੇਰ ਚੁਕਵਾਏ ਗਏ।ਇਸ ਕਾਰਵਾਈ ਨਾਲ ਇਲਾਕੇ ਦੇ ਲੋਕਾਂ ਨੇ ਰਾਹਤ ਮਹਿਸੂਸ ਕੀਤੀ।ਜ਼ਿਕਰਯੋਗ ਹੈ ਕਿ ਦੀਵਾਲੀ ਦਾ ਤਿਉਹਾਰ ਹੋਣ ਕਰਕੇ ਗੰਦਗੀ ਦੇ ਢੇਰਾਂ ਕਾਰਨ ਲੋਕਾਂ ਨੂੰ ਕਾਫ਼ੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਖ਼ਬਰ ਪ੍ਰਕਾਸ਼ਿਤ ਹੋਣ ਉਪਰੰਤ ਨਗਰ ਕੌਂਸਲ ਵੱਲੋਂ ਕੀਤੀ ਗਈ ਇਸ ਕਾਰਵਾਈ ਦੀ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਮੌਕੇ ਇੰਸਪੈਕਟਰ ਖੁਸ਼ਬੀਰ ਸਿੰਘ ਨੇ ਕਿਹਾ ਕਿ ਸ਼ਹਿਰ ਦੀ ਸਫ਼ਾਈ ਅਤੇ ਸੁੰਦਰਤਾ ਨੂੰ ਮੁੱਖ ਰੱਖਦਿਆਂ ਸਫ਼ਾਈ ਪ੍ਰਬੰਧਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਸ਼ਹਿਰ ਵਿੱਚ ਗੰਦਗੀ ਦੇ ਢੇਰ ਨਾ ਲੱਗਣ ਦੇਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਜਨਗਣਨਾ-2027 ਸਬੰਧੀ ਜਾਗਰੂਕਤਾ ਗਤੀਵਿਧੀਆਂ ਤੇਜ਼ ਕਰਨ ਦੇ ਨਿਰਦੇਸ਼ 16 ਤੋਂ 30 ਨਵੰਬਰ ਤੱਕ ਚੱਲੇਗੀ ਸਵੈ-ਗਣਨਾ ਦੀ ਪ੍ਰਕਿਰਿਆ - ਡਿਪਟੀ ਕਮਿਸ਼ਨਰ

ਨਾਗਰਿਕ ਘਰ ਬੈਠੇ ਆਨਲਾਈਨ ਦਰਜ ਕਰ ਸਕਣਗੇ ਆਪਣੇ ਪਰਿਵਾਰ ਦੀ ਜਾਣਕਾਰੀ

ਜੰਡਿਆਲਾ ਗੁਰੂ , 6 ਨਵੰਬਰ (ਕੁਲਵੰਤ ਸਿੰਘ ਵਿਰਦੀ) - ਭਾਰਤ ਦੀ ਪਹਿਲੀ ਡਿਜੀਟਲ ਜਨਗਣਨਾ-2027 ਤਹਿਤ ਨਾਗਰਿਕਾਂ ਨੂੰ ਸਵੈ-ਗਣਨਾ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਤਹਿਤ ਉਹ 16 ਨਵੰਬਰ ਤੋਂ 30 ਨਵੰਬਰ, 2026 ਤੱਕ ਘਰ ਬੈਠੇ ਆਨਲਾਈਨ ਮਾਧਿਅਮ ਰਾਹੀਂ ਆਪਣੇ ਪਰਿਵਾਰ ਨਾਲ ਸਬੰਧਤ ਲੋੜੀਂਦੀ ਜਾਣਕਾਰੀ ਦਰਜ ਕਰਵਾ ਸਕਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਦੱਸਿਆ ਕਿ ਜਨਗਣਨਾ ਦੀ ਪ੍ਰਕਿਰਿਆ ਨੂੰ ਹੋਰ ਸਰਲ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਪਹਿਲੀ ਵਾਰ ਡਿਜੀਟਲ ਤਕਨੀਕ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਵੈ-ਗਣਨਾ ਦੀ ਸਹੂਲਤ ਰਾਹੀਂ ਨਾਗਰਿਕ ਨਿਰਧਾਰਤ ਸਮੇਂ ਦੌਰਾਨ ਆਪਣੀ ਸਹੂਲਤ ਅਨੁਸਾਰ ਪਰਿਵਾਰ ਦੀ ਜਾਣਕਾਰੀ ਖੁਦ ਆਨਲਾਈਨ ਦਰਜ ਕਰ ਸਕਣਗੇ।ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਸਵੈ-ਗਣਨਾ ਲਈ ਵਿਸ਼ੇਸ਼ ਆਨਲਾਈਨ ਪੋਰਟਲ https://se.census.gov.in ਤਿਆਰ ਕੀਤਾ ਗਿਆ ਹੈ, ਜਿਸ ਰਾਹੀਂ ਨਾਗਰਿਕ ਆਪਣੇ ਪਰਿਵਾਰ ਦੀ ਲੋੜੀਂਦੀ ਜਾਣਕਾਰੀ ਦਰਜ ਕਰ ਸਕਦੇ ਹਨ। ਜਾਣਕਾਰੀ ਸਫ਼ਲਤਾਪੂਰਵਕ ਜਮ੍ਹਾਂ ਹੋਣ ਉਪਰੰਤ ਇੱਕ ਵਿਸ਼ੇਸ਼ ਸਵੈ-ਗਣਨਾ ਆਈ.ਡੀ. ਜਾਰੀ ਕੀਤੀ ਜਾਵੇਗੀ। ਇਹ ਆਈ.ਡੀ. ਨਾਗਰਿਕਾਂ ਵੱਲੋਂ ਸੰਭਾਲ ਕੇ ਰੱਖਣੀ ਹੋਵੇਗੀ ਅਤੇ ਬਾਅਦ ਵਿੱਚ ਘਰ-ਘਰ ਆਉਣ ਵਾਲੇ ਜਨਗਣਨਾ ਕਰਮਚਾਰੀਆਂ ਨਾਲ ਸਾਂਝੀ ਕਰਨੀ ਹੋਵੇਗੀ, ਤਾਂ ਜੋ ਆਨਲਾਈਨ ਦਰਜ ਕੀਤੀ ਗਈ ਜਾਣਕਾਰੀ ਦੀ ਪੁਸ਼ਟੀ ਕੀਤੀ ਜਾ ਸਕੇ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਵੱਖ-ਵੱਖ ਮਾਧਿਅਮਾਂ ਰਾਹੀਂ ਜਨਗਣਨਾ-2027 ਸਬੰਧੀ ਪ੍ਰਚਾਰ ਅਤੇ ਜਾਗਰੂਕਤਾ ਗਤੀਵਿਧੀਆਂ ਤੇਜ਼ ਕਰਨ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗ ਆਪੋ-ਆਪਣੇ ਪੱਧਰ 'ਤੇ ਲੋਕਾਂ ਤੱਕ ਸਵੈ-ਗਣਨਾ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਪਹੁੰਚਾਉਣ ਅਤੇ ਉਨ੍ਹਾਂ ਨੂੰ ਇਸ ਡਿਜੀਟਲ ਸਹੂਲਤ ਦਾ ਲਾਭ ਲੈਣ ਲਈ ਪ੍ਰੇਰਿਤ ਕਰਨ, ਤਾਂ ਜੋ ਜਨਗਣਨਾ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਉਹਨਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਜਨਗਣਨਾ-2027 ਦੀ ਪ੍ਰਕਿਰਿਆ ਵਿੱਚ ਸਰਗਰਮ ਸਹਿਯੋਗ ਦੇਣ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਅੰਮ੍ਰਿਤਸਰ ਵਿਖੇ ਕਰਵਾਈ ਗਈ ਵਿਸ਼ੇਸ਼ ਮੈਰਾਥਨ ਨੌਜਵਾਨਾਂ ਨੂੰ

ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਦਾ ਸੂ ਈ.ਟੀ.ਓ ਨੇ ਦਿੱਤਾ ਸੱਦਾ



ਮੈਰਾਥਨ ਵਿੱਚ ਵੱਖ-ਵੱਖ ਸਕੂਲਾਂ, ਖੇਡ ਵਿਭਾਗ ਅਤੇ ਯੁਵਕ ਸੇਵਾਵਾਂ ਵਿਭਾਗ ਦੇ 700 ਖਿਡਾਰੀਆਂ ਨੇ ਲਿਆ ਭਾਗ

ਜੰਡਿਆਲਾ ਗੁਰੂ, 6 ਨਵੰਬਰ (ਕੁਲਵੰਤ ਸਿੰਘ ਵਿਰਦੀ)-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਖੇਡਾਂ ਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਅੱਜ ਸਵੇਰੇ ਵਿਸ਼ੇਸ਼ ਮੈਰਾਥਨ ਕਰਵਾਈ ਗਈ। ਇਹ ਮੈਰਾਥਨ ਸਵੇਰੇ 8 ਵਜੇ ਗੁਰੂ ਨਾਨਕ ਸਟੇਡੀਅਮ, ਅੰਮ੍ਰਿਤਸਰ ਤੋਂ ਸ਼ੁਰੂ ਹੋਈ, ਜੋ ਨਾਵਲਟੀ ਚੌਕ, ਨਰੂਲਾ ਪੈਲੇਸ ਲਾਈਟ, ਟੇਲਰ ਰੋਡ ਅਤੇ ਅਲੈਗਜ਼ੈਂਡਰਾ ਸਕੂਲ ਤੋਂ ਹੁੰਦੀ ਹੋਈ ਮੁੜ ਗੁਰੂ ਨਾਨਕ ਸਟੇਡੀਅਮ ਦੇ ਐਥਲੈਟਿਕ ਟਰੈਕ ਵਿਖੇ ਪਹੁੰਚ ਕੇ ਸਮਾਪਤ ਹੋਈ ।ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਹਰੀ ਝੰਡੀ ਦਿਖਾ ਕੇ ਮੈਰਾਥਨ ਨੂੰ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀਮਤੀ ਪੱਲਵੀ ਮਿਸ਼ਰਾ, ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਗੁਰਮੀਤ ਸਿੰਘ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਅੰਮ੍ਰਿਤਸਰ ਦੇ ਸਕੱਤਰ ਸ੍ਰੀ ਸੈਮਸਨ ਮਸੀਹ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਖੇਡ ਵਿਭਾਗ ਦੇ ਕੋਚ ਵੀ ਹਾਜ਼ਰ ਸਨ ।ਇਸ ਮੈਰਾਥਨ ਵਿੱਚ ਵੱਖ-ਵੱਖ ਸਕੂਲਾਂ, ਖੇਡ ਵਿਭਾਗ ਅਤੇ ਯੁਵਕ ਸੇਵਾਵਾਂ ਵਿਭਾਗ ਦੇ ਲਗਭਗ 700 ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਮੈਰਾਥਨ ਵਿੱਚ ਲੜਕਿਆਂ ਦੇ ਵਰਗ ਵਿੱਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬਲਬੀਰ ਕੁਮਾਰ (ਪਹਿਲਾ ਇਨਾਮ 1,000 ਰੁਪਏ), ਜਸਕਰਨਜੀਤ ਸਿੰਘ (ਦੂਜਾ ਇਨਾਮ 700 ਰੁਪਏ) ਅਤੇ ਗੁਰਕ੍ਰਿਪਾਲ ਸਿੰਘ ਬੱਲ (ਤੀਜਾ ਇਨਾਮ 500 ਰੁਪਏ) ਨੂੰ ਨਕਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ।ਇਸੇ ਤਰ੍ਹਾਂ ਲੜਕੀਆਂ ਦੇ ਵਰਗ ਵਿੱਚ ਰਾਵੀ ਨੇ ਪਹਿਲਾ ਸਥਾਨ ਹਾਸਲ ਕਰਕੇ 1,000 ਰੁਪਏ, ਸੁਖਮਨ ਨੇ ਦੂਜਾ ਸਥਾਨ ਹਾਸਲ ਕਰਕੇ 700 ਰੁਪਏ ਅਤੇ ਜਸਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਲ ਕਰਕੇ 500 ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਦੋਵਾਂ ਵਰਗਾਂ ਵਿੱਚ ਪਹਿਲੀਆਂ ਦਸ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਅਤੇ ਆਪਣੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵਿੱਚ ਲਗਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੂਰੀ ਸੁਹਿਰਦਤਾ ਨਾਲ ਯਤਨ ਕੀਤੇ ਜਾ ਰਹੇ ਹਨ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਕਰਵਾ ਕੇ ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਭਰ ਵਿੱਚ 3,000 ਤੋਂ ਵੱਧ ਖੇਡ ਮੈਦਾਨ ਅਤੇ ਖੇਡ ਸਟੇਡੀਅਮ ਬਣਾਏ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਉਦੇਸ਼ ਨੌਜਵਾਨਾਂ ਦੀ ਸ਼ਕਤੀ ਨੂੰ ਸਹੀ ਦਿਸ਼ਾ ਵੱਲ ਮੋੜ ਕੇ ਉਨ੍ਹਾਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣਾ ਹੈ ।ਮੈਰਾਥਨ ਦੇ ਸਫ਼ਲ ਆਯੋਜਨ ਵਿੱਚ ਖੇਡ ਵਿਭਾਗ ਦੇ ਸਮੂਹ ਕੋਚਾਂ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੈਰਾਥਨ ਵਿੱਚ ਭਾਗ ਲੈਣ ਵਾਲੇ ਦੌੜਾਕਾਂ ਲਈ ਰਿਫਰੈਸ਼ਮੈਂਟ ਦਾ ਵਿਸ ਪ੍ਰਬੰਧ ਵੀ ਕੀਤਾ ਗਿਆ।

ਜੰਡਿਆਲਾ ਗੁਰੂ ਵਿਖੇ ਭਗਵਾਨ ਵਾਲਮੀਕਿ ਜੀ ਦੇ ਪਾਵਨ ਸਰੂਪ ਦੀ ਪ੍ਰਾਣ ਪ੍ਰਤਿਸ਼ਠਾ ਅਤੇ

ਮੂਰਤੀ ਸਥਾਪਨਾ ਸਬੰਧੀ ਧਾਰਮਿਕ ਸਮਾਗਮ ਕਰਵਾਇਆ

ਜੰਡਿਆਲਾ ਗੁਰੂ , 6 ਨਵੰਬਰ (ਕੁਲਵੰਤ ਸਿੰਘ ਵਿਰਦੀ)-ਜ਼ਿਲ੍ਹਾ ਅੰਮ੍ਰਿਤਸਰ ਦੇ ਇਤਿਹਾਸਕ ਨਗਰ ਜੰਡਿਆਲਾ ਗੁਰੂ ਵਿਖੇ ਸਥਿਤ ਭਗਵਾਨ ਵਾਲਮੀਕਿ ਜੀ ਦੇ ਮੰਦਰ ਵਿੱਚ ਅੱਜ ਭਗਵਾਨ ਵਾਲਮੀਕਿ ਜੀ ਦੇ ਪਾਵਨ ਸਰੂਪ ਦੀ ਪ੍ਰਾਣ ਪ੍ਰਤਿਸ਼ਠਾ ਅਤੇ ਮੂਰਤੀ ਸਥਾਪਨਾ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ।ਇਸ ਧਾਰਮਿਕ ਸਮਾਗਮ ਵਿੱਚ ਸ੍ਰੀ ਵਾਲਮੀਕਿ ਤੀਰਥ ਸ਼ਰਾਇਨ ਬੋਰਡ ਦੇ ਚੇਅਰਮੈਨ ਅਤੇ ਉੱਘੀ ਧਾਰਮਿਕ ਸ਼ਖ਼ਸੀਅਤ ਸ੍ਰੀ ਬਾਲਯੋਗੀ ਪ੍ਰਗਟ ਨਾਥ ਜੀ ਸਮੇਤ ਹੋਰ ਸੰਤ ਮਹਾਂਪੁਰਸ਼ਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਇਸ ਮੌਕੇ ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ., ਉਨ੍ਹਾਂ ਦੀ ਧਰਮ ਪਤਨੀ ਸ਼੍ਰੀਮਤੀ ਸੁਹਿੰਦਰ ਕੌਰ, ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਸ. ਸਤਿੰਦਰ ਸਿੰਘ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਵੀ ਮੌਜੂਦ ਸਨ ।ਇਸ ਮੌਕੇ ਸੰਤ ਮਹਾਂਪੁਰਸ਼ਾਂ ਵੱਲੋਂ ਪੂਰੇ ਵਿਧੀ-ਵਿਧਾਨ ਅਤੇ ਧਾਰਮਿਕ ਮਰਿਆਦਾ ਅਨੁਸਾਰ ਭਗਵਾਨ ਵਾਲਮੀਕਿ ਜੀ ਦੇ ਪਾਵਨ ਸਰੂਪ ਦੀ ਸਥਾਪਨਾ ਅਤੇ ਪ੍ਰਾਣ ਪ੍ਰਤਿਸ਼ਠਾ ਦੀਆਂ ਰਸਮਾਂ ਨਿਭਾਈਆਂ ਗਈਆਂ। ਇਸ ਦੌਰਾਨ ਸ੍ਰੀ ਬਾਲਯੋਗੀ ਪ੍ਰਗਟ ਨਾਥ ਜੀ ਨੇ ਸੰਗਤਾਂ ਨੂੰ ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਅਤੇ ਉਨ੍ਹਾਂ ਵੱਲੋਂ ਦਰਸਾਏ ਗਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ ।ਇਸ ਮੌਕੇ ਲੋਕ ਨਿਰਮਾਣ ਮੰਤਰੀ ਪੰਜਾਬ ਸ. ਹਰਭਜਨ ਸਿੰਘ ਈ.ਟੀ.ਓ. ਨੇ ਸਮੂਹ ਸੰਗਤਾਂ ਨੂੰ ਇਸ ਪਾਵਨ ਅਵਸਰ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਵਿਖੇ ਸਥਿਤ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਮੰਦਰ ਨਾਲ ਸੰਗਤਾਂ ਦੀ ਅਥਾਹ ਸ਼ਰਧਾ ਅਤੇ ਵਿਸ਼ਵਾਸ ਜੁੜਿਆ ਹੋਇਆ ਹੈ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਇਸ ਪਾਵਨ ਅਸਥਾਨ 'ਤੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕਰਦੇ ਹਨ ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਾਨੂੰ ਆਪਣੇ ਮਹਾਨ ਗੁਰੂਆਂ, ਸੰਤਾਂ ਅਤੇ ਮਹਾਂਪੁਰਸ਼ਾਂ ਦੀਆਂ ਸਿੱਖਿਆਵਾਂ ਨਾਲ ਜੋੜਦੇ ਹਨ। ਇਹ ਸਮਾਗਮ ਸਮਾਜ ਵਿੱਚ ਆਪਸੀ ਭਾਈਚਾਰਕ ਸਾਂਝ, ਪਿਆਰ, ਸਦਭਾਵਨਾ ਅਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸ੍ਰੀ ਬਾਲਯੋਗੀ ਪ੍ਰਗਟ ਨਾਥ ਜੀ, ਸੰਤ ਮਹਾਂਪੁਰਸ਼ਾਂ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਸਮਾਗਮ ਵਿੱਚ ਭਰੀ ਹਾਜ਼ਰੀ

ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ 16 ਨਵੰਬਰ ਨੂੰ ਜਗਰਾਉਂ ਹੋਣ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ

ਐੱਸ.ਆਰ.ਕਲੇਰ ਦੇ ਗ੍ਰਹਿ ਵਿਖੇ ਹਲਕਾ ਜਗਰਾਉਂ ਦੀ ਸਮੁੱਚੀ ਲੀਡਰਸ਼ਿਪ ਨਾਲ ਮੀਟਿੰਗ



ਜਗਰਾਉਂ, (ਵਰਿਆਮ ਹਠੂਰ)-ਸ਼੍ਰੋਮਣੀ ਅਕਾਲੀ ਦਲ ਵੱਲੋਂ 16 ਨਵੰਬਰ ਨੂੰ ਜਗਰਾਉਂ ਵਿਖੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਕਰਵਾਈ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਰੈਲੀ ਨੂੰ ਲੈ ਕੇ ਹਲਕਾ ਜਗਰਾਉਂ ਦੀ ਸਮੁੱਚੀ ਅਕਾਲੀ ਦਲ ਲੀਡਰਸ਼ਿਪ ਅਤੇ ਵਰਕਰਾਂ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ, ਸ੍ਰੀ ਐੱਸ.ਆਰ.ਕਲੇਰ ਦੇ ਗ੍ਰਹਿ ਵਿਖੇ ਹਲਕਾ ਜਗਰਾਉਂ ਦੀ ਸਮੁੱਚੀ ਲੀਡਰਸ਼ਿਪ ਦੀ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਰੈਲੀ ਨੂੰ ਸਫਲ ਬਣਾਉਣ ਲਈ ਵੱਖ-ਵੱਖ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਰੈਲੀ ਸਬੰਧੀ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਹਲਕਾ ਇੰਚਾਰਜ ਸ੍ਰੀ ਐੱਸ.ਆਰ. ਕਲੇਰ ਨੇ ਦੱਸਿਆ ਕਿ 10 ਨਵੰਬਰ ਤੋਂ 14 ਨਵੰਬਰ ਤੱਕ ਹਲਕਾ ਜਗਰਾਉਂ ਦੇ ਵੱਖ-ਵੱਖ ਪਿੰਡਾਂ ਵਿੱਚ ਰੈਲੀ ਸਬੰਧੀ ਪ੍ਰੋਗਰਾਮ ਅਤੇ ਮੀਟਿੰਗਾਂ ਕੀਤੀਆਂ ਜਾਣਗੀਆਂ। ਇਨ੍ਹਾਂ ਪ੍ਰੋਗਰਾਮਾਂ ਦੌਰਾਨ ਪਿੰਡਾਂ ਚੋ ਮਾਵਾਂ-ਧੀਆਂ ਨੂੰ 16 ਨਵੰਬਰ ਨੂੰ ਜਗਰਾਉਂ ਵਿਖੇ ਹੋਣ ਵਾਲੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਹਲਕਾ ਜਗਰਾਉਂ ਤੋਂ ਵੱਡੀ ਗਿਣਤੀ ਵਿੱਚ ਸਾਡੀਆਂ ਮਾਵਾਂ ਧੀਆ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੀਆ ਅਤੇ ਰੈਲੀ ਨੂੰ ਸਫਲ ਬਣਾਉਣ ਲਈ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰ ਪੂਰੀ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਰਹੇ ਹਨ। ਇਸ ਮੌਕੇ SGPC ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਤਜਿੰਦਰਪਾਲ ਸਿੰਘ ਕੰਨੀਆਂ, ਬੀ.ਸੀ. ਵਿੰਗ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਐੱਸ.ਸੀ. ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ ਅਤੇ ਅਮਨਾ ਡੱਲਾ ਹਾਜ਼ਰ ਸਨ।

ਸੇਂਟ ਸੋਲਜਰ ਸਕੂਲ ਵਿੱਚ ਪੀਡੀਲਾਈਟ ਆਰਟ ਐਂਡ ਕਰਾਫਟ ਵਰਕਸ਼ਾਪ ਦਾ ਆਯੋਜਨ

ਸਿੱਖਿਆ ਦੇ ਨਾਲ-ਨਾਲ ਕਲਾ, ਰਚਨਾਤਮਕਤਾ ਅਤੇ ਵਿਹਾਰਕ ਗਿਆਨ ਨੂੰ ਉਤਸ਼ਾਹਿਤ ਕਰਨਾ ਵੀ ਬਹੁਤ ਜ਼ਰੂਰੀ ਭਾ: ਮੰਗਲ ਸਿੰਘ ਕਿਸ਼ਨਪੁਰੀ



ਜੰਡਿਆਲਾ ਗੁਰੂ, 6 ਨਵੰਬਰ (ਕੁਲਵੰਤ ਸਿੰਘ ਵਿਰਦੀ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਵਿਦਿਆਰਥੀਆਂ ਅੰਦਰ ਛੁਪੀ ਕਲਾਤਮਕ ਪ੍ਰਤਿਭਾ ਨੂੰ ਨਿਖਾਰਨ ਅਤੇ ਉਨ੍ਹਾਂ ਦੀ ਸਿਰਜਣਾਤਮਕ ਸੋਚ ਨੂੰ ਨਵੀਆਂ ਦਿਸ਼ਾਵਾਂ ਦੇਣ ਦੇ ਉਦੇਸ਼ ਨਾਲ ਪੀਡੀਲਾਈਟ ਆਰਟ ਐਂਡ ਕਰਾਫਟ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਅਤੇ ਦਿਲਚਸਪੀ ਨਾਲ ਭਾਗ ਲਿਆ ।ਵਰਕਸ਼ਾਪ ਦਾ ਸੰਚਾਲਨ ਸ਼੍ਰੀਮਤੀ ਕਰੁਣਾ ਮਨੂਚਾ ਅਤੇ ਸ਼੍ਰੀਮਤੀ ਸੀਮਾ ਭੰਡਾਰੀ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਕਲਾਤਮਕ ਤਕਨੀਕਾਂ ਅਤੇ ਰਚਨਾਤਮਕ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਪ੍ਰੈਕਟੀਕਲ ਤਰੀਕੇ ਨਾਲ ਨਵੀਆਂ ਕਲਾਵਾਂ ਸਿੱਖਣ ਲਈ ਪ੍ਰੇਰਿਤ ਕੀਤਾ ।ਇਸ ਮੌਕੇ ਲਗਭਗ 105 ਵਿਦਿਆਰਥੀਆਂ ਨੇ ਭਾਗ ਲੈਂਦਿਆਂ ਆਪਣੀ ਕਲਪਨਾਸ਼ਕਤੀ ਅਤੇ ਕਲਾਤਮਕ ਹੁਨਰਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ।ਵਿਦਿਆਰਥੀਆਂ ਨੇ ਵੱਖ-ਵੱਖ ਕਲਾ ਅਤੇ ਕਰਾਫਟ ਗਤੀਵਿਧੀਆਂ ਰਾਹੀਂ ਨਵੇਂ ਤਜਰਬੇ ਹਾਸਲ ਕੀਤੇ ਅਤੇ ਆਪਣੀ ਸਿਰਜਣਾਤਮਕ ਪ੍ਰਤਿਭਾ ਨੂੰ ਨਿਖਾਰਿਆ। ਇਹ ਵਰਕਸ਼ਾਪ ਉਨ੍ਹਾਂ ਲਈ ਸਿੱਖਣ ਦੇ ਨਾਲ-ਨਾਲ ਆਪਣੀ ਕਲਾ ਨੂੰ ਪ੍ਰਗਟਾਉਣ ਦਾ ਇੱਕ ਵਧੀਆ ਮੰਚ ਸਾਬਤ ਹੋਈ ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਅਨੁਸਾਰ ਸਿੱਖਿਆ ਦੇ ਨਾਲ-ਨਾਲ ਕਲਾ, ਰਚਨਾਤਮਕਤਾ ਅਤੇ ਵਿਹਾਰਕ ਗਿਆਨ ਨੂੰ ਉਤਸ਼ਾਹਿਤ ਕਰਨਾ ਵੀ ਬਹੁਤ ਜ਼ਰੂਰੀ ਹੈ। ਸਕੂਲ ਮੈਨੇਜਮੈਂਟ ਵੱਲੋਂ ਆਰਟ ਐਂਡ ਕਰਾਫਟ ਤੇ ਟੀਚਰ ਜਗਰੂਪ ਕੌਰ, ਵੰਸ਼ਿਕਾ ਮੈਮ ਅਤੇ ਰਮਨਦੀਪ ਕੌਰ ਦੀ ਮਿਹਨਤ ਦੀ ਵੀ ਖੂਬ ਸ਼ਲਾਗਾ ਕੀਤੀ ਗਈ ।ਅੰਤ ਵਿੱਚ ਇਹ ਵਰਕਸ਼ਾਪ ਵਿਦਿਆਰਥੀਆਂ ਲਈ ਇੱਕ ਯਾਦਗਾਰ ਅਤੇ ਪ੍ਰੇਰਨਾਦਾਇਕ ਅਨੁਭਵ ਸਾਬਤ ਹੋਈ, ਜਿਸ ਨੇ ਉਨ੍ਹਾਂ ਅੰਦਰ ਨਵੀਆਂ ਕਲਾਤਮਕ ਸੰਭਾਵਨਾਵਾਂ ਨੂੰ ਉਜਾਗਰ ਕਰਨ ਦੇ ਨਾਲ-ਨਾਲ ਸਿੱਖਣ ਪ੍ਰਤੀ ਨਵਾਂ ਉਤਸ਼ਾਹ ਵੀ ਪੈਦਾ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



ਬੰਦੀ ਛੋੜ ਦਿਵਸ ਪਾ: 6

ਦੀਵਾਲੀ ਦਿਵਸ

ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਲਈ ਦੇਸੀ ਘਿਓ ਦੇ ਦੀਵੇ 'ਤੇ ਦੀਪ ਮਾਲਾ ਕੀਤੀ ਜਾਵੇਗੀ।

ਬੰਦੀ ਛੋੜ ਦਿਵਸ : ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਾਹਿਬ ਦੇ ਕੋਲ ਪਰਿਵਾਰਾਂ ਦੀ ਰਿਹਾਇਸ਼ ਹੋਣ ਕਰਕੇ ਆਤਿਸ਼ਬਾਜ਼ੀ ਅਤੇ ਪਟਾਕਿਆਂ ਦੀ ਆਗਿਆ ਨਹੀਂ ਮਿਲੀ ਹੈ।



ਭਾਈ ਗੁਰਜੀਤ ਸਿੰਘ ਘਰਿਆਲੀ

☛ ਕਥਾ ਵਾਚਕ ਬਾਬਾ ਹਰਜਿੰਦਰ ਸਿੰਘ ਦਮਦਮੀ ਟਕਸਾਲ ਵਾਲੇ ਅਤੇ ਕੀਰਤਨੀ ਜਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
☛ ਕਵੀਸ਼ਰੀ ਜਥਾ ਗਿਆਨੀ ਗੁਰਜੀਤ ਸਿੰਘ ਘਰਿਆਲੀ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ, ਗੁਰ ਇਤਿਹਾਸ , ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਐਤਵਾਰ 8 ਨਵੰਬਰ ਸ਼ਾਮ 5 ਤੋਂ 8:30 ਵਜੇ ਤੱਕ ਦੀਵਾਨ ਸੱਜਣਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap 26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778